

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜੰਮੂ-ਕਸ਼ਮੀਰ ਵਿਖੇ ਹੜ੍ਹ ਪੀੜਤਾਂ ਨੂੰ
ਸਹਾਇਤਾ ਰਾਸ਼ੀ ਵੰਡਣ ਸਮੇਂ ਅੰਤ੍ਰਿੰਗ ਮੈਂਬਰ ਸ. ਕਰਨੈਲ ਸਿੰਘ ਪੰਜੋਲੀ ਤੇ
ਸ. ਨਿਰਮੈਲ ਸਿੰਘ ਜੌਲਾਂ ਕਲਾਂ, ਸਕੱਤਰ ਸ. ਅਵਤਾਰ ਸਿੰਘ,
ਐਡੀ. ਸਕੱਤਰ ਸ. ਦਿਲਜੀਤ ਸਿੰਘ 'ਬੇਦੀ', ਮੀਤ ਸਕੱਤਰ ਸ. ਜਗਜੀਤ ਸਿੰਘ।

















ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਟੀਮ ਜੰਮੂ-ਕਸ਼ਮੀਰ ਦੇ ਹੜ੍ਹ ਪੀੜਤਾਂ ਨੂੰ ਚੈੱਕ ਤਕਸੀਮ ਕਰਨ ਸਮੇਂ























ਰਾਜਪੁਰ ਭਾਟਾ-ਧਰਾਲ ਨੌਸ਼ਹਿਰਾ ਜੰਮੂ-ਕਸ਼ਮੀਰ ਵਿਖੇ ਇਕ ਬਸ ਵਿਚ ਪੂਰੀ ਬਰਾਤ ਰੁੜ ਗਈ ਸੀ ਉਨ੍ਹਾਂ ਦੇ ਵਾਰਸਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਟੀਮ ਚੈੱਕ ਦੇਣ ਸਮੇਂ।





# ਸ਼੍ਰੋਮਣੀ ਗੁ: ਪ੍ਰ: ਕਮੇਟੀ ਵੱਲੋਂ ਕਸ਼ਮੀਰ ਵਿੱਚ ਆਏ ਹੜ੍ਹ ਦੌਰਾਨ ਮਾਰੇ ਗਏ ਲੋਕਾਂ ਦੀ ਆਤਮਿਕ ਸ਼ਾਂਤੀ, ਜ਼ਖਮੀਆਂ ਦੀ ਸਿਹਤਯਾਬੀ ਅਤੇ ਮੁੜ ਵਸੇਬੇ ਲਈ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ

ਜੰਮੂ-ਕਸ਼ਮੀਰ 'ਚ ਆਏ ਭਿਆਨਕ ਹੜ੍ਹਾਂ ਦੌਰਾਨ ਮਾਰੇ ਗਏ ਲੋਕਾਂ ਦੀ ਆਤਮਿਕ ਸ਼ਾਂਤੀ, ਜ਼ਖਮੀਆਂ ਦੀ ਸਿਹਤਯਾਬੀ ਅਤੇ ਮੁੜ ਵਸੇਬੇ ਲਈ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਜੀਤਪਾਲ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ ਤੇ ਅਰਦਾਸ ਭਾਈ ਕੁਲਵਿੰਦਰ ਸਿੰਘ ਨੇ ਕੀਤੀ।

ਇਸ ਮੌਕੇ ਜੁੜੀਆਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਸ. ਦਲਮੇਘ ਸਿੰਘ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਕੁਦਰਤੀ ਕਰੋਪੀ ਕਾਰਨ ਦੇਸ਼ ਦੀ ਸੁੰਦਰ ਧਰਤੀ ਵੱਜੋਂ ਜਾਣੇ ਜਾਂਦੇ ਜੰਮੂ-ਕਸ਼ਮੀਰ ਵਿੱਚ ਆਏ ਭਿਆਨਕ ਹੜ੍ਹਾਂ ਨਾਲ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋਇਆ ਹੈ। ਜਿਸ ਦੀ ਭਰਪਾਈ ਕਰਨਾ ਬੜਾ ਮੁਸ਼ਕਿਲ ਹੈ। ਇਸ ਤਰਾਸਦੀ 'ਚੋਂ ਆਪਣੇ ਪੈਰਾਂ ਸਿਰ ਖੜ੍ਹੇ ਹੋਣਾ ਜੰਮੂ-ਕਸ਼ਮੀਰ ਦੇ ਲੋਕਾਂ ਲਈ ਅਜੇ ਵਕਤ ਲੱਗੇਗਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਬਖਸ਼ੇ ਸਿਧਾਂਤ ਮੁਤਾਬਿਕ ਬਿਨਾਂ ਭੇਦ-ਭਾਵ ਹਰੇਕ ਕੁਦਰਤੀ ਆਫ਼ਤ ਸਮੇਂ ਪੀੜਤਾਂ ਦੀ ਮਦਦ ਲਈ ਤੱਤਪਰ ਰਹਿੰਦੀ ਹੈ। ਜੰਮੂ-ਕਸ਼ਮੀਰ ਵਿੱਚ ਹੜ੍ਹਾਂ ਦੌਰਾਨ ਜਿਹੜੇ ਲੋਕ ਆਪਣੇ ਪਰਿਵਾਰਾਂ ਨਾਲੋਂ ਸਦਾ ਲਈ ਵਿਛੜ ਗਏ ਹਨ, ਉਨ੍ਹਾਂ ਦੀ ਰੂਹ ਦੇ ਕਲਿਆਣ ਜਾਂ ਜਿਹੜੇ ਇਸ ਤਰਾਸਦੀ ਦੌਰਾਨ ਜ਼ਖਮੀ ਹੋ ਗਏ ਹਨ, ਉਨ੍ਹਾਂ ਦੀ ਤੰਦਰੁਸਤੀ ਅਤੇ ਜਿਹੜੇ ਇਸ ਕੁਦਰਤੀ ਕਰੋਪੀ ਕਾਰਨ ਉੱਜੜ ਗਏ ਹਨ, ਉਨ੍ਹਾਂ ਦੇ ਮੁੜ ਵਸੇਬੇ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾ ਕੇ ਸਤਿਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਅਰਦਾਸ ਬੇਨਤੀ ਕੀਤੀ ਗਈ ਹੈ।